**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**18:20 Pm**

**ਮਿਤੀ: 15-02-2025**

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਏ ਕਿ ਕੇਂਦਰ ਸਰਕਾਰ ਆਰਟੀਫੀਸ਼ੀਅਲ ਇੰਟੈਲੀਜੈਂਸ ਨੂੰ ਉੱਚ ਸਿੱਖਿਆ ਵਿੱਚ ਸ਼ਾਮਿਲ ਕਰਨ ਲਈ ਸਰਗਰਮ ਕਦਮ ਚੁੱਕ ਰਹੀ ਏ।
- ਕੇਂਦਰੀ ਵਿਜੀਲੈਂਸ ਕਮਿਸ਼ਨ (ਸੀਵੀਸੀ) ਨੇ ਦਿੱਲੀ ਦੇ ਸਾਬਕ ਮੁੱਖ ਮੰਤਰੀ ਵਜੋਂ 'ਆਪ' ਕਨਵੀਨਰ ਅਰਵਿੰਦ ਕੇਜਰੀਵਾਲ ਦੀ ਰਿਹਾਇਸ਼ ਰਹੇ 6, ਫਲੈਗਸਟਾਫ ਰੋਡ ਬੰਗਲੇ ਦੀ ਉਸਾਰੀ ਅਤੇ ਮੁਰੰਮਤ ਵਿੱਚ ਬੇਨੇਮੀਆਂ ਦੇ ਇਲਜ਼ਾਮਾਂ ਦੀ ਜਾਂਚ ਦੇ ਹੁਕਮ ਦਿੱਤੇ ਨੇ.
- ਅਮਰੀਕਾ ਤੋਂ ਦੇਸ਼ ਵਾਪਿਸ ਭੇਜੇ ਗਏ 100 ਤੋਂ ਵੱਧ ਭਾਰਤੀਆਂ ਨੂੰ ਲੈ ਕੇ ਇੱਕ ਹੋਰ ਵਿਸ਼ੇਸ਼ ਉਡਾਣ ਅੱਜ ਰਾਤ ਅੰਮ੍ਰਿਤਸਰ ਦੇ ਸ੍ਰੀ ਗੁਰੂ

ਰਾਮਦਾਸ ਜੀ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਉਤਰੇਗੀ। ਇਨ੍ਹਾਂ ਭਾਰਤੀਆਂ ਵਿੱਚੋਂ 60 ਤੋਂ ਵੱਧ ਪੰਜਾਬ ਦੇ ਦੱਸੇ ਜਾਂਦੇ ਨੇ.

- ਪੰਜਾਬ ਵਿੱਚ ਲੰਪੀ ਸਕਿੱਨ ਬਿਮਾਰੀ ਤੋਂ ਬਚਾਅ ਲਈ ਵਿਆਪਕ ਟੀਕਾਕਰਨ ਮੁਹਿੰਮ ਦੀ ਹੋਈ ਸ਼ੁਰੂਆਤ. ਤੀਸਰੇ ਗੇੜ੍ਹ ਦੌਰਾਨ 25 ਲੱਖ ਜਾਨਵਰਾਂ ਦਾ ਕੀਤਾ ਜਾਵੇਗਾ ਟੀਕਾਕਰਨ.
- ਅੱਜ ਪੀ.ਏ.ਪੀ. ਕੰਪਲੈਕਸ, ਜਲੰਧਰ ਵਿਖੇ ਨੈਸ਼ਨਲ ਇਕਵੇਸ-ਟ੍ਰੀਅਨ ਚੈਂਪੀਅਨਸ਼ਿਪ ਟੈਂਟ ਪੈਗਿੰਗ-2024-25 ਦੀ ਸ਼ੁਰੂਆਤ ਹੋਈ.

-----------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਏ ਕਿ ਕੇਂਦਰ ਸਰਕਾਰ ਆਰਟੀਫੀਸ਼ੀਅਲ ਇੰਟੈਲੀਜੈਂਸ (ਏ.ਆਈ.) ਨੂੰ ਉੱਚ ਸਿੱਖਿਆ ਵਿੱਚ ਜੋੜਨ ਲਈ ਸਰਗਰਮ ਕਦਮ ਚੁੱਕ ਰਹੀ ਏ। ਅੱਜ ਦੁਪਹਿਰ ਬਾਅਦ ਰਾਂਚੀ ਵਿੱਚ ਬਿਰਲਾ ਇੰਸਟੀਚਿਊਟ ਆਫ਼ ਟੈਕਨਾਲੋਜੀ (BIT) ਮੇਸਰਾ ਦੇ ਪਲੈਟੀਨਮ ਜੁਬਲੀ ਸਮਾਰੋਹ ਵਿਖੇ ਬੋਲਦਿਆਂ, ਰਾਸ਼ਟਰਪਤੀ ਨੇ ਕਿਹਾ ਕਿ ਭਵਿੱਖ ਵਿੱਚ ਏਆਈ ਅਤੇ ਮਸ਼ੀਨ ਸਿਖਲਾਈ ਵਿੱਚ

ਮਹੱਤਵਪੂਰਨ ਤਰੱਕੀ ਵੱਲੋਂ ਸੰਚਾਲਿਤ ਵੱਡੀਆਂ ਤਬਦੀਲੀਆਂ ਦੇਖਣ ਨੂੰ ਮਿਲਣਗੀਆਂ। ਰਾਸ਼ਟਰਪਤੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਨੌਜਵਾਨਾਂ ਦਾ ਉਤਸ਼ਾਹ ਅਤੇ ਵਚਨਬੱਧਤਾ ਵਿਕਸਿਤ ਭਾਰਤ' ਦੇ ਨਿਰਮਾਣ ਵਿੱਚ ਅਹਿਮ ਭੂਮਿਕਾ ਨਿਭਾਏਗੀ।ਰਾਸ਼ਟਰਪਤੀ ਮੁਰਮੂ ਨੇ ਕਿਹਾ, ਕਾਢ ਕਾਰਾਂ ਅਤੇ ਉੱਦਮੀਆਂ ਨੂੰ ਰਵਾਇਤੀ ਭਾਈਚਾਰਿਆਂ ਦੇ ਗਿਆਨ ਅਧਾਰ ਨੂੰ ਨਜ਼ਰਅੰਦਾਜ਼ ਨਹੀਂ ਕਰਨਾ ਚਾਹੀਦਾ । ਮਹਿਲਾ ਸ਼ਕਤੀਕਰਨ ਬਾਰੇ ਬੋਲਦਿਆਂ ਰਾਸ਼ਟਰਪਤੀ ਨੇ ਕਿਹਾ ਕਿ ਕੁੜੀਆਂ ਗਿਆਨ, ਇੰਜਨੀਅਰਿੰਗ, ਤਕਨਾਲੋਜੀ ਅਤੇ ਗਣਿਤ ਵਿੱਚ ਪਿੱਛੇ ਨਹੀਂ ਨੇ. ਰਾਸ਼ਟਰਪਤੀ ਕੱਲ੍ਹ ਰਾਂਚੀ ਦੇ ਦੋ ਦਿਨਾਂ ਦੌਰੇ 'ਤੇ ਉਥੇ ਪਹੁੰਚੇ ਸਨ।

---------------------------------------------------------------------

ਕੇਂਦਰੀ ਵਿਜੀਲੈਂਸ ਕਮਿਸ਼ਨ (ਸੀਵੀਸੀ) ਨੇ 6, ਫਲੈਗਸਟਾਫ ਰੋਡ ਬੰਗਲੇ ਦੀ ਉਸਾਰੀ ਅਤੇ ਮੁਰੰਮਤ ਵਿੱਚ ਬੇਨਿਯਮੀਆਂ ਦੇ ਦੋਸ਼ਾਂ ਦੀ ਜਾਂਚ ਦੇ ਹੁਕਮ ਦਿੱਤੇ ਹਨ, ਜੋ ਕਿ ਦਿੱਲੀ ਦੇ ਮੁੱਖ ਮੰਤਰੀ ਵਜੋਂ 'ਆਪ' ਕਨਵੀਨਰ ਅਰਵਿੰਦ ਕੇਜਰੀਵਾਲ ਦੀ ਰਿਹਾਇਸ਼ ਸੀ। ਸੀਵੀਸੀ ਨੇ ਭਾਜਪਾ ਦੇ ਸੀਨੀਅਰ ਨੇਤਾ ਅਤੇ ਦਿੱਲੀ ਦੇ ਵਿਧਾਇਕ ਵਿਜੇਂਦਰ ਗੁਪਤਾ ਦੀ ਸ਼ਿਕਾਇਤ 'ਤੇ ਕੇਂਦਰੀ ਲੋਕ ਨਿਰਮਾਣ ਵਿਭਾਗ

(CPWD) ਨੂੰ ਜਾਂਚ ਕਰਨ ਲਈ ਕਿਹਾ ਏ। ਮੀਡੀਆ ਨਾਲ ਗੱਲਬਾਤ ਕਰਦਿਆਂ ਸ੍ਰੀ ਗੁਪਤਾ ਨੇ ਕਿਹਾ ਕਿ ਸੀਵੀਸੀ ਨੇ ਤੱਥਾਂ ਦੇ ਆਧਾਰ ’ਤੇ ਨੋਟਿਸ ਲਿਆ ਏ।

---------------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਇਹਨਾਂ ਇਲਜ਼ਾਮਾਂ ਕਿ ਕੇਂਦਰ ਇੱਕ ਸਾਜ਼ਿਸ਼ ਦੇ ਹਿੱਸੇ ਵਜੋਂ ਅਮਰੀਕਾ ਤੋਂ ਦੇਸ਼ ਵਾਪਿਸ ਭੇਜੇ ਗਏ ਗੈਰ – ਕਾਨੂੰਨੀ ਪ੍ਰਵਾਸੀ ਭਾਰਤੀ ਲੋਕਾਂ ਦੇ ਜਹਾਜ਼ ਨੂੰ ਅੰਮ੍ਰਿਤਸਰ ਵਿਖੇ ਉਤਾਰ ਕੇ ਸੂਬੇ ਨੂੰ ਬਦਨਾਮ ਕਰਨ ਦੀ ਕੋਸ਼ਿਸ਼ ਕਰ ਰਿਹਾ ਏ’ਤੇ ਭਾਜਪਾ ਦੇ ਕੌਮੀ ਬੁਲਾਰੇ ਆਰਪੀ ਸਿੰਘ ਨੇ ਜਵਾਬੀ ਹਮਲਾ ਕਰਦਿਆਂ ਕਿਹਾ ਏ ਕਿ ਇਸ ਮੁੱਦੇ ਦਾ ਸਿਆਸੀਕਰਨ ਕਰਨਾ ਬੰਦ ਕੀਤਾ ਜਾਵੇ ਅਤੇ ਜਾਣਕਾਰੀ ਦੀ ਘਾਟ ਕਾਰਨ ਸਾਜ਼ਿਸ਼ਾਂ ਨੂੰ ਹਵਾ ਦੇਣ ਤੋਂ ਗੁਰੇਜ਼ ਕੀਤਾ ਜਾਵੇ. ਮੁੱਖ ਮੰਤਰੀ ਮਾਨ ਨੇ ਬੀਤੀ ਸ਼ਾਮ ਅੰਮ੍ਰਿਤਸਰ ਵਿਖੇ ਪ੍ਰੈੱਸ ਕਾਨਫਰੰਸ ਕਰਕੇ ਕੇਂਦਰ ਸਰਕਾਰ ਅਤੇ ਵਿਦੇਸ਼ ਮੰਤਰਾਲੇ ਵੱਲੋਂ ਇੱਥੇ ਜਹਾਜ਼ ਉਤਾਰਨ ਲਈ ਅੰਮ੍ਰਿਤਸਰ ਦੀ ਚੋਣ ਕਰਨ ਦੇ ਕਦਮ ’ਤੇ ਸਵਾਲ ਉਠਾਏ ਸਨ ਜਦਕਿ ਦੇਸ਼ ਵਿੱਚ ਸੈਂਕੜੇ ਹੋਰ ਹਵਾਈ ਅੱਡੇ

ਨੇ.ਬੁਲਾਰੇ ਨੇ ਅੱਜ ਸੋਸ਼ਲ ਮੀਡੀਆ 'ਤੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਅਮਰੀਕਾ ਤੋਂ ਭਾਰਤ ਵਿਚ ਦਾਖਲ ਹੋਣ ਵਾਲੀਆਂ ਉਡਾਣਾਂ ਲਈ ਅੰਮ੍ਰਿਤਸਰ ਸਭ ਤੋਂ ਨਜ਼ਦੀਕੀ ਅੰਤਰਰਾਸ਼ਟਰੀ ਹਵਾਈ ਅੱਡਾ ਏ। ਇਸੇ ਕਰਕੇ ਗੈਰ-ਕਾਨੂੰਨੀ ਪ੍ਰਵਾਸੀਆਂ ਨੂੰ ਲੈ ਕੇ ਆਉਣ ਵਾਲੇ ਅਮਰੀਕਾ ਦੇ ਜਹਾਜ਼ ਉਥੇ ਉਤਰ ਰਹੇ ਨੇ. ਇਸ ਦੌਰਾਨ, ਸਰਕਾਰੀ ਹਲਕਿਆਂ ਦੇ ਹਵਾਲੇ ਨਾਲ ਸਾਡੇ ਜਲੰਧਰ ਵਾਲੇ ਪੱਤਰਕਾਰ ਨੇ ਖਬਰ ਦਿੱਤੀ ਏ ਕਿ ਅਮਰੀਕਾ ਤੋਂ ਦੇਸ਼ ਵਾਪਿਸ ਭੇਜੇ ਗਏ 100 ਤੋਂ ਵੱਧ ਭਾਰਤੀਆਂ ਨੂੰ ਲੈ ਕੇ ਇੱਕ ਹੋਰ ਵਿਸ਼ੇਸ਼ ਉਡਾਣ ਅੱਜ ਰਾਤ ਅੰਮ੍ਰਿਤਸਰ ਦੇ ਸ੍ਰੀ ਗੁਰੂ ਰਾਮਦਾਸ ਜੀ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਉਤਰੇਗੀ। ਇਨ੍ਹਾਂ ਭਾਰਤੀਆਂ ਵਿੱਚੋਂ 60 ਤੋਂ ਵੱਧ ਪੰਜਾਬ ਦੇ ਦੱਸੇ ਜਾਂਦੇ ਨੇ. 30 ਤੋਂ ਵੱਧ ਹਰਿਆਣਾ ਨਾਲ ਸਬੰਧਤ ਨੇ ਅਤੇ ਬਾਕੀ ਰਾਜਸਥਾਨ, ਗੁਜਰਾਤ, ਉੱਤਰ ਪ੍ਰਦੇਸ਼, ਗੋਆ ਅਤੇ ਮਹਾਰਾਸ਼ਟਰ ਦੇ ਨੇ. ਇੱਕ ਤੀਜੇ ਜਹਾਜ਼ ਦੇ ਵੀ ਭਲਕੇ ਅੰਮ੍ਰਿਤਸਰ ਵਿੱਚ ਵੱਡੀ ਗਿਣਤੀ ਵਿੱਚ ਭਾਰਤੀਆਂ ਨੂੰ ਲੈ ਕੇ ਉਤਰਨ ਦੀ ਸੰਭਾਵਨਾ ਏ ਜਿਨ੍ਹਾਂ ਨੂੰ ਅਮਰੀਕਾ'ਚ ਗੈਰ-ਕਾਨੂੰਨੀ ਢੰਗ ਨਾਲ ਦਾਖਲ ਹੋਣ ਅਤੇ ਉੱਥੇ ਰਹਿਣ ਲਈ ਦੇਸ਼ ਵਾਪਿਸ ਭੇਜਿਆ ਜਾ ਰਿਹਾ ਏ. ਇਸ ਤੋਂ ਪਹਿਲਾਂ

104 ਭਾਰਤੀਆਂ ਨੂੰ ਲੈ ਕੇ ਅਮਰੀਕੀ ਫੌਜੀ ਜਹਾਜ਼ ਇਸ ਮਹੀਨੇ ਦੀ 5 ਤਰੀਕ ਨੂੰ ਅੰਮ੍ਰਿਤਸਰ ਪਹੁੰਚਿਆ ਸੀ।

---------------------------------------------------------------------------

ਪਸ਼ੂ ਪਾਲਣ ਵਿਭਾਗ ਪੰਜਾਬ ਵੱਲੋਂ ਗਾਵਾਂ ਨੂੰ ਲੰਪੀ ਸਕਿਨ ਬੀਮਾਰੀ ਤੋਂ ਬਚਾਉਣ ਲਈ ਅੱਜ ਰਾਜ ਪੱਧਰੀ ਟੀਕਾਕਰਨ ਮੁਹਿੰਮ ਦੀ ਸ਼ੁਰੂਆਤ ਹੋਈ. ਇਹ ਸ਼ੁਰੂਆਤ ਮਹਾਵੀਰ ਗਊਸ਼ਾਲਾ ਮਲੇਟ ਤੋਂ ਕੀਤੀ ਗਈ ਜਿਥੇ ਮੁਹਿੰਮ ਦਾ ਉਦਘਾਟਨ ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ, ਪਸ਼ੂ ਪਾਲਣ, ਮੱਛੀ ਪਾਲਣ ਤੇ ਡੇਅਰੀ ਵਿਕਾਸ ਅਤੇ ਫੂਡ ਪ੍ਰੋਸਿੰਗ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕੀਤਾ। ਇਸ ਮੌਕੇ ਤੇ ਪਸ਼ੂ ਪਾਲਕਾਂ ਨੂੰ ਸੰਬੋਧਨ ਕਰਦੇ ਹੋਏ ਉਹਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ । ਕਰੋੜ 31 ਲੱਖ 25 ਹਜਾਰ ਰੁਪਏ ਦੀ ਲਾਗਤ ਨਾਲ ਲੰਪੀ ਸਕਿਨ ਬੀਮਾਰੀ ਦੀ ਵੈਕਸੀਨ ਦੀਆਂ 25 ਲੱਖ ਖੁਰਾਕਾਂ ਖਰੀਦੀਆਂ ਗਈਆਂ ਨੇ. ਪਸ਼ੂ ਪਾਲਣ ਵਿਭਾਗ ਦੀਆਂ ਟੀਮਾਂ ਘਰ—ਘਰ ਜਾ ਕੇ ਸੂਬੇ ਦੀਆਂ ਸਮੁੱਚੀਆਂ ਗਾਵਾਂ ਦਾ ਟੀਕਾਕਰਨ ਕਰਨਗੀਆਂ। ਉਹਨਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਸ਼ੂ ਪਾਲਕਾਂ ਦੀ ਸਹੂਲੀਅਤ ਨੂੰ ਮੁੱਖ ਰੱਖਦੇ ਹੋਏ ਇਕ ਨਿਵੇਕਲੀ ਪਹਿਲ ਕਦਮੀ ਕਰਦੇ ਹੋਏ ਸੂਬੇ ਦੇ ਸਾਰੇ 22 ਪਸ਼ੂਆਂ ਦੇ

ਪੋਲੀਕਲੀਨਿਕ ਅਤੇ ਤਹਿਸੀਲ ਪੱਧਰ ਦੇ 97ਹਸਪਤਾਲਾਂ ਵਿੱਚ ਪਸ਼ੂਆਂ ਨੂੰ ਸੱਪ ਦੇ ਡੰਗਣ'ਤੇ ਮੁਫਤ ਇਲਾਜ ਲਈ ਦਵਾਈ ਮੁਹੱਈਆ ਕਰਵਾਈ ਗਈ ਏ। ਇਸ ਮੌਕੇ ਤੇ ਉਹਨਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਖੇਤੀਬਾੜੀ ਦੇ ਨਾਲ—ਨਾਲ ਖੇਤੀਬਾੜੀ ਨਾਲ ਜੁੜੇ ਸਹਾਇਕ ਧੰਦਿਆਂ ਪਸ਼ੂ ਪਾਲਣ, ਘੋੜਾ ਪਾਲਣ, ਮੁਰਗੀ ਪਾਲਣ, ਸੂਰ ਪਾਲਣ ਅਤੇ ਬਾਗਬਾਨੀ ਵਰਗੇ ਕਿੱਤਿਆਂ ਨੂੰ ਜਰੂਰਤ ਅਪਨਾਉਣਾ ਚਾਹੀਦਾ ਏ ਤਾਂ ਜੋ ਉਹਨਾਂ ਦੀ ਆਮਦਨ ਵਿੱਚ ਵਾਧਾ ਹੋ ਸਕੇ। ਇਸ ਮੌਕੇ ਮੰਤਰੀ ਵੱਲੋਂ ਪਸ਼ੂ ਪਾਲਕਾਂ ਨੂੰ ਲੰਪੀ ਸਕਿਨ ਬੀਮਾਰੀ ਦੇ ਮਾੜੇ ਪ੍ਰਭਾਵ ਪ੍ਰਤੀ ਜਾਗਰੂਕ ਕਰਦਾ ਪੋਸਟਰ ਵੀ ਰਲੀਜ ਕੀਤਾ ਗਿਆ ਅਤੇ ਪਸ਼ੂ ਪਾਲਕਾਂ ਨੂੰ ਅਪੀਲ ਕੀਤੀ ਕਿ ਆਪਣੇ ਪਾਲਤੂ ਜਾਨਵਰਾਂ ਨੂੰ ਲੰਪੀ ਸਕਿਨ ਦੀ ਬਿਮਾਰੀ ਤੋਂ ਬਚਾਅ ਲਈ ਜਰੂਰ ਟੀਕਾਕਰਨ ਕਰਵਾਇਆ ਜਾਵੇ। ਇਸ ਮੌਕੇ ਪੰਜਾਬ ਦੇ ਪਸ਼ੂ ਪਾਲਣ ਵਿਭਾਗ ਦੇ ਡਾਇਰੈਕਟਰ ਡਾ. ਗੁਰਸ਼ਰਨਜੀਤ ਸਿੰਘ ਬੇਦੀ ਨੇ ਪਸ਼ੂ ਪਾਲਕਾਂ ਨੂੰ ਇਸ ਮੁਹਿੰਮ ਵਿੱਚ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ.

---------------------------------------------------------------------------

ਜਲੰਧਰ ਦਿਹਾਤੀ ਪੁਲਿਸ ਨੇ ਇੱਕ ਤੁਰੰਤ ਕਾਰਵਾਈ'ਚ ਸੋਸ਼ਲ ਮੀਡੀਆ 'ਤੇ ਵਾਇਰਲ ਹੋਈ ਹਿੰਸਕ ਝੜਪ ਵਿੱਚ ਸ਼ਾਮਲ 11 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਏ। ਵੱਖ-ਵੱਖ ਪਲੇਟਫਾਰਮਾਂ 'ਤੇ ਵਿਆਪਕ ਤੌਰ 'ਤੇ ਪ੍ਰਸਾਰਿਤ ਇਸ ਵੀਡੀਓ ਵਿੱਚ ਫਿਲੌਰ ਵਿੱਚ ਜਲੰਧਰ ਬਾਈਪਾਸ ਰੇਲਵੇ ਲਾਈਨ ਦੇ ਨੇੜੇ ਵਿਅਕਤੀਆਂ ਨੂੰ ਮਾਰੂ ਹਥਿਆਰਾਂ ਨਾਲ ਲੜਾਈ ਕਰਦੇ ਦਿਖਾਇਆ ਗਿਆ ਏ। ਪੁਲਿਸ ਨੇ ਇੱਕ ਦੇਸੀ ਪਿਸਤੌਲ, ਇੱਕ ਜ਼ਿੰਦਾ ਕਾਰਤੂਸ, ਇੱਕ ਖਾਲੀ ਕਾਰਤੂਸ ਅਤੇ ਘਟਨਾ ਵਿੱਚ ਵਰਤੇ ਗਏ ਤੇਜ਼ਧਾਰ ਹਥਿਆਰ ਵੀ ਬਰਾਮਦ ਕੀਤੇ ਨੇ.ਇਸ ਝੜਪ ਵਿੱਚ ਸ਼ਾਮਲ ਹੋਰ ਅਣਪਛਾਤੇ ਵਿਅਕਤੀਆਂ ਦਾ ਪਤਾ ਲਾਇਆ ਜਾ ਰਿਹਾ ਏ. ਇਸ ਸਬੰਧੀ ਵੇਰਵੇ ਦਿੰਦੇ ਹੋਏ ਜਲੰਧਰ ਦਿਹਾਤੀ ਦੇ ਐਸ.ਐਸ.ਪੀ. ਹਰ-ਕਮਲ-ਪ੍ਰੀਤ ਸਿੰਘ ਖੱਖ ਨੇ ਦੱਸਿਆ ਕਿ ਇਸ ਘਟਨਾ ਨੇ ਲੋਕਾਂ ਵਿੱਚ ਦਹਿਸ਼ਤ ਅਤੇ ਅਸ਼ਾਂਤੀ ਪੈਦਾ ਕਰ ਦਿੱਤੀ ਸੀ। ਸਖ਼ਤ ਨਿਗਰਾਨੀ ਹੇਠ ਤੁਰੰਤ ਕਾਰਵਾਈ ਕੀਤੀ ਗਈ, ਅਤੇ ਪੁਲਿਸ ਸਟੇਸ਼ਨ ਫਿਲੌਰ ਵਿਖੇ ਵਖ – ਵਖ ਧਾਰਾਵਾਂ ਤਹਿਤ ਮਾਮਲਾ ਦਰਜ

ਕੀਤਾ ਗਿਆ। ਗ੍ਰਿਫ਼ਤਾਰ ਵਿਅਕਤੀਆਂ ਨੂੰ ਅਦਾਲਤ ਵਿੱਚ ਪੇਸ਼ ਕੀਤਾ ਗਿਆ ਅਤੇ ਹੋਰ ਪੁੱਛਗਿੱਛ ਲਈ ਪੁਲਿਸ ਰਿਮਾਂਡ ‘ਤੇ ਲਿਆ ਗਿਆ ਏ.

-----------------------------------------------------------------------------------

ਪਟਿਆਲਾ ਹੈਰੀਟੇਜ ਫੈਸਟੀਵਲ-2025 ਦੇ ਸਮਾਰੋਹਾਂ ਦੀ ਲੜੀ ਤਹਿਤ ਅੱਜ ਇਥੇ ਸਿਵਲ ਏਵੀਏਸ਼ਨ ਕਲੱਬ ਵਿਖੇ AERO SHOW ਹੋਇਆ ਜਿਸ ਵਿਚ ਵੱਖ-ਵੱਖ ਹਵਾਈ ਜਹਾਜਾਂ ਵੱਲੋਂ ਸ਼ਾਨਦਾਰ ਸੰਰਚਨਾਵਾਂ ਬਣਾਈਆਂ ਗਈਆਂ ਅਤੇ ਕਈ ਕਰਤੱਬ ਦਿਖਾਏ ਗਏ ਜਿਨ੍ਹਾਂ ਨੇ ਦਰਸ਼ਕਾਂ ਨੂੰ ਕੀਲ ਲਿਆ। ਜਹਾਜਾਂ ਦੀਆਂ ਵਿਸ਼ੇਸ਼ ਉਡਾਣਾ ਸਮੇਤ ਪੈਰਾ ਗਲਾਇੰਡਿੰਗ ਦੇ ਕਰਤੱਬ ਵੀ ਵਿਸ਼ੇਸ਼ ਖਿੱਚ ਦਾ ਕੇਂਦਰ ਰਹੇ. ਪਟਿਆਲਾ ਦੇ ਡਵੀਜ਼ਨਲ ਕਮਿਸ਼ਨਰ ਦਲਜੀਤ ਸਿੰਘ ਮਾਂਗਟ ਨੇ ਸਮਾਰੋਹ’ਚ ਬਤੌਰ ਮੁੱਖ ਮਹਿਮਾਨ ਸ਼ਿਰਕਤ ਕਰਦਿਆਂ ਇਹ ਹੈਰੀਟੇਜ ਫੈਸਟੀਵਲ ਕਰਵਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਨੂੰ ਵਧਾਈ ਦਿੱਤੀ । ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸੱਦਾ ਦਿੱਤਾ ਕਿ ਉਹ ਦੇਸ਼ ਸੇਵਾ ਲਈ ਭਾਰਤੀ ਫ਼ੌਜ 'ਚ ਸੇਵਾਵਾਂ ਦੇਣ ਲਈ ਅੱਗੇ ਆਉਣ। ਇਸ ਮੌਕੇ ਦੀਪ੍ਤੀ ਕਮਿਸ਼ਨਰ ਪ੍ਰੀਤੀ ਯਾਦਵ ਨੇ ਕਿਹਾ ਕਿ ਇਹ ਉਤਸਵ ਜਿਥੇ ਸੈਰ – ਸਪਾਟੇ ਨੂੰ ਹੁਲਾਰਾ ਦੇ ਰਿਹਾ ਏ, ਉਥੇ ਹੀ ਸਾਡੇ ਅਨਮੋਲ ਵਿਰਸੇ ਨੂੰ ਵੀ ਦਰਸਾ ਰਿਹਾ ਏ.

---------------------------------------------------------------------------------

ਸਰਹੱਦੀ ਸੁਰਖਿਆ ਬਲ (BSF) ਪੰਜਾਬ ਫਰੰਟੀਅਰ ਵੱਲੋਂ 23 ਫਰਵਰੀ ਨੂੰ ਅੰਮ੍ਰਿਤਸਰ ਵਿਖੇ ਬਾਰਡਰਮੈਨ ਮੈਰਾਥਨ-2025 ਕਰਾਈ ਜਾ ਰਹੀ ਏ. ਇਹ ਗੋਲਡਨ ਗੇਟ ਤੋਂ ਸ਼ੁਰੂ ਹੋ ਕੇ ਸਾਂਝੀ ਚੈਕ ਪੋਸਟ, ਅਟਾਰੀ ਵਿਖੇ ਸਮਾਪਤ ਹੋਵੇਗੀ. ਬੀ.ਐਸ.ਐਫ ਦੇ ਡਾਇਰੈਕਟਰ ਜਨਰਲ ਦਲਜੀਤ ਸਿੰਘ ਚੌਧਰੀ ਨੇ ਸਾਰਿਆਂ ਨੂੰ ਇਸ ਵਿਚ ਹਿੱਸਾ ਲੈਣ ਦੀ ਅਪੀਲ ਕਰਦਿਆਂ ਕਿਹਾ ਕਿ ਇਸ ਮੈਰਾਥਨ ਦਾ ਉਦੇਸ਼, ਸਮਾਜ ਨੂੰ ਨਸ਼ਾ ਮੁਕਤ ਬਣਾਉਣ ਦਾ ਸੁਨੇਹਾ ਦੇਣਾ ਅਤੇ ਨੌਜਵਾਨਾਂ ਦੀ ਊਰਜਾ ਨੂੰ ਉਸਾਰੂ ਗਤੀਵਿਧੀਆਂ ਵਿਚ ਜੋੜਨਾ ਏ -BYTE -ਮੈਰਾਥਨ ਲਈ ਰਜਿਸਟ੍ਰੇਸ਼ਨ 18 ਫਰਵਰੀ ਨੂੰ ਸਮਾਪਤ ਹੋ ਰਹੀ ਏ।

---------------------------------------------------------------------------------

ਅੱਜ ਪੀ.ਏ.ਪੀ. ਕੰਪਲੈਕਸ, ਜਲੰਧਰ ਵਿਖੇ ਨੈਸ਼ਨਲ ਇਕਵੇਸ-ਟ੍ਰੀਅਨ ਚੈਂਪੀਅਨਸ਼ਿਪ ਟੈਂਟ ਪੈਗਿੰਗ-2024-25 ਦੀ ਸ਼ੁਰੂਆਤ ਹੋਈ. ਚੈਂਪੀਅਨਸ਼ਿਪ ਦਾ ਉਦਘਾਟਨ ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਬਤੌਰ ਮੁੱਖ ਮਹਿਮਾਨ ਕੀਤਾ ਅਤੇ ਚੈਂਪੀਅਨਸ਼ਿਪ ਵਿੱਚ ਹਿੱਸਾ ਲੈਣ ਵਾਲੇ ਘੋੜਸਵਾਰ ਐਥਲੀਟਾਂ ਦੇ ਮਾਰਚ ਪਾਸਟ ਤੋਂ ਸਲਾਮੀ ਲਈ।

ਓਹਨਾ ਕਿਹਾ ਕਿ ਇਹ ਪੰਜਾਬ ਪੁਲਿਸ ਲਈ ਬਹੁਤ ਮਾਣ ਵਾਲੀ ਗੱਲ ਏ ਕਿ ਰਾਸ਼ਟਰੀ ਘੋੜਸਵਾਰ ਚੈਂਪੀਅਨਸ਼ਿਪ ਜਲੰਧਰ ਵਿੱਚ ਕਰਾਈ ਜਾ ਰਹੀ ਏ. ਇਸ ਘੋੜਸਵਾਰੀ ਚੈਂਪੀਅਨਸ਼ਿਪ ਵਿੱਚ, ਪੂਰੇ ਭਾਰਤ ਤੋਂ ਫੌਜ ਅਤੇ ਨੀਮ ਫੌਜੀ ਬਲਾਂ ਦੀਆਂ ਕੁੱਲ 15 ਟੀਮਾਂ ਦੇ ਨਾਲ-ਨਾਲ ਕੁਝ ਨਿੱਜੀ ਕਲਬਾਂ ਦੇ 150 ਘੋੜਸਵਾਰ ਹਿੱਸਾ ਲੈ ਰਹੇ ਨੇ. ਇਸ ਮੁਕਾਬਲੇ ਵਿੱਚ ਪੰਜਾਬ ਪੁਲਿਸ ਘੋੜਸਵਾਰ ਟੀਮ ਦੇ ਕੁੱਲ 20 ਖਿਡਾਰੀ ਵੀ ਹਿੱਸਾ ਲੈਣਗੇ। ਇਸ ਮੌਕੇ 'ਤੇ ਐਡੀਸ਼ਨਲ ਡੀਜੀਪੀ ਪੰਜਾਬ ਆਰਮਡ ਪੁਲਿਸ, ਜਲੰਧਰ, ਐਮ.ਐਫ. ਫਾਰੂਕੀ ਵੀ ਮੌਜੂਦ ਸਨ।

---

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਏ ਕਿ ਕੇਂਦਰ ਸਰਕਾਰ ਆਰਟੀਫੀਸ਼ੀਅਲ ਇੰਟੈਲੀਜੈਂਸ ਨੂੰ ਉੱਚ ਸਿੱਖਿਆ ਵਿੱਚ ਸ਼ਾਮਿਲ ਕਰਨ ਲਈ ਸਰਗਰਮ ਕਦਮ ਚੁੱਕ ਰਹੀ ਏ।
- ਕੇਂਦਰੀ ਵਿਜੀਲੈਂਸ ਕਮਿਸ਼ਨ (ਸੀਵੀਸੀ) ਨੇ ਦਿੱਲੀ ਦੇ ਸਾਬਕ ਮੁੱਖ ਮੰਤਰੀ ਵਜੋਂ 'ਆਪ' ਕਨਵੀਨਰ ਅਰਵਿੰਦ ਕੇਜਰੀਵਾਲ ਦੀ ਰਿਹਾਇਸ਼ ਰਹੇ 6, ਫਲੈਗਸਟਾਫ ਰੋਡ ਬੰਗਲੇ ਦੀ ਉਸਾਰੀ ਅਤੇ

ਮੁਰੰਮਤ ਵਿੱਚ ਬੇਨੇਮੀਆਂ ਦੇ ਇਲਜ਼ਾਮਾਂ ਦੀ ਜਾਂਚ ਦੇ ਹੁਕਮ ਦਿੱਤੇ ਨੇ.

- ਅਮਰੀਕਾ ਤੋਂ ਦੇਸ਼ ਵਾਪਿਸ ਭੇਜੇ ਗਏ 100 ਤੋਂ ਵੱਧ ਭਾਰਤੀਆਂ ਨੂੰ ਲੈ ਕੇ ਇੱਕ ਹੋਰ ਵਿਸ਼ੇਸ਼ ਉਡਾਣ ਅੱਜ ਰਾਤ ਅੰਮ੍ਰਿਤਸਰ ਦੇ ਸ੍ਰੀ ਗੁਰੂ ਰਾਮਦਾਸ ਜੀ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਉਤਰੇਗੀ। ਇਨ੍ਹਾਂ ਭਾਰਤੀਆਂ ਵਿੱਚੋਂ 60 ਤੋਂ ਵੱਧ ਪੰਜਾਬ ਦੇ ਦੱਸੇ ਜਾਂਦੇ ਨੇ.
- ਪੰਜਾਬ ਵਿੱਚ ਲੰਪੀ ਸਕਿੱਨ ਬਿਮਾਰੀ ਤੋਂ ਬਚਾਅ ਲਈ ਵਿਆਪਕ ਟੀਕਾਕਰਨ ਮੁਹਿੰਮ ਦੀ ਹੋਈ ਸ਼ੁਰੂਆਤ. ਤੀਸਰੇ ਗੇੜ੍ਹ ਦੌਰਾਨ 25 ਲੱਖ ਜਾਨਵਰਾਂ ਦਾ ਕੀਤਾ ਜਾਵੇਗਾ ਟੀਕਾਕਰਨ.
- ਅੱਜ ਪੀ.ਏ.ਪੀ. ਕੰਪਲੈਕਸ, ਜਲੰਧਰ ਵਿਖੇ ਨੈਸ਼ਨਲ ਇਕਵੇਸ-ਟ੍ਰੀਅਨ ਚੈਂਪੀਅਨਸ਼ਿਪ ਟੈਂਟ ਪੈਗਿੰਗ-2024-25 ਦੀ ਸ਼ੁਰੂਆਤ ਹੋਈ.